28 Oct-FDK-Mkt-5-6-7-8.qxd 28-Oct-25 9:22 PM Page 1

ਸੁਖਦੇਵ ਸਿੰਘ ਵੰਗਲ ਦੀ ਮੌਤ ਦੇ ਮਾਮਲੇ 'ਚ ਐਕਸ਼ਨ ਕਮੇਟੀ ਵਲੋਂ ਡੀ.ਸੀ. ਦਫਤਰ ਅੱਗੇ ਧਰਨਾ ਜਾਰੀ

• ਮ੍ਰਿਤਕ ਦੇਹ ਦਾ ਪੋਸਟਮਾਰਟਮ ਕਰਵਾਇਆ ਜਾਵੇ: ਜੰਮੂਆਣਾ

ਸ੍ਰੀ ਮੁਕਤਸਰ ਸਾਹਿਬ, 28 ਅਕਤੂਬਰ (ਰਣਜੀਤ ਸਿੰਘ ਢਿੱਲੋਂ)-ਪਿੰਡ ਵੰਗਲ ਦੇ ਕਿਸਾਨ ਸੁਖਦੇਵ ਸਿੰਘ ਵੰਗਲ ਦੀ ਹੋਈ ਮੌਤ ਦੇ ਮਾਮਲੇ ਵਿਚ ਇਨਸਾਫ ਦੀ ਮੰਗ ਨੂੰ ਲੈ ਕੇ ਬਣਾਈ ਗਈ ਐਕਸ਼ਨ ਕਮੇਟੀ ਵਲੋਂ ਅੱਜ ਦੂਜੇ ਦਿਨ ਵੀ ਡਿਪਟੀ ਕਮਿਸ਼ਨਰ ਦਫ਼ਤਰ ਅੱਗੇ ਰੋਸ ਧਰਨਾ ਦਿੱਤਾ ਗਿਆ ਅਤੇ ਪੁਲਿਸ ਪ੍ਰਸ਼ਾਸਨ ਤੋਂ ਮੰਗ ਕੀਤੀ ਗਈ ਕਿ ਇਸ ਮਾਮਲੇ 'ਚ ਇਨਸਾਫ ਦਿੱਤਾ ਜਾਵੇ। ਇਸ ਰੋਸ ਧਰਨੇ ਨੂੰ ਐਕਸ਼ਨ ਕਮੇਟੀ ਦੇ ਕਨਵੀਨਰ ਨਿਰਮਲ ਸਿੰਘ ਮਲੋਟ, ਬੂਟਾ ਸਿੰਘ ਮਾਨਸਾ, ਪੰਜਾਬ ਸਟੂਡੈਂਟ ਯੂਨੀਅਨ ਦੇ ਜ਼ਿਲ੍ਹਾ ਮੀਤ ਪ੍ਰਧਾਨ ਰਜਿੰਦਰ ਢਿੱਲਵਾਂ, ਮਮਤਾ ਆਜ਼ਾਦ ਅਤੇ ਹੋਰ ਬੁਲਾਰਿਆਂ ਨੇ ਸੰਬੋਧਨ ਕੀਤਾ। ਬੁਲਾਰਿਆਂ ਨੇ ਕਿਹਾ ਕਿ ਕਿਸਾਨ ਸੁਖਦੇਵ ਸਿੰਘ ਆਜ਼ਾਦੀ ਘੁਲਾਟੀਏ ਮਰਹੂਮ ਸ: ਸੁੱਚਾ ਸਿੰਘ ਦਾ ਪੋਤਰਾ ਹੈ। ਉਸ ਦੇ ਖੇਤ ਵਿਚ 14 ਅਕਤੂਬਰ ਨੂੰ ਝੋਨਾ ਵੱਢਣ ਗਏ ਪਿੰਡ ਲੁਬਾਣਿਆਂਵਾਲੀ ਦੇ ਵਿਅਕਤੀਆਂ ਨੇ ਰੋਕਣ 'ਤੇ ਇਸ ਪਰਿਵਾਰ ਦੇ ਸੁਖਦੇਵ ਸਿੰਘ ਉਸਦੇ ਪੁੱਤਰ ਸ਼ਮਿੰਦਰ ਸਿੰਘ ਸੰਧੂ ਅਤੇ ਪਤਨੀ ਦੀ ਕੁੱਟਮਾਰ ਕੀਤੀ ਸੀ। ਜਿਸ ਮਗਰੋਂ 19 ਅਕਤੂਬਰ ਨੂੰ ਸੁਖਦੇਵ ਸਿੰਘ ਦੀ ਮੌਤ ਹੋ ਗਈ ਸੀ। ਪੁਲਿਸ ਵਲੋਂ ਇਸ ਮਾਮਲੇ 'ਚ ਦਰਜ ਕੀਤੇ ਗਏ ਪਰਚੇ ਵਿਚ ਸ਼ਾਮਿਲ ਭਾਰਤੀ ਕਿਸਾਨ ਯੂਨੀਅਨ ਏਕਤਾ ਸਿੱਧੂਪੁਰ ਦੇ ਆਗੂ ਸਮੇਤ ਹੋਰ ਵਿਅਕਤੀਆਂ ਨੂੰ ਅਜੇ ਤੱਕ ਨਹੀਂ ਫ਼ੜਿਆ ਗਿਆ। ਉਨ੍ਹਾਂ ਗ੍ਰਿਫ਼ਤਾਰ ਕਰਨ 'ਤੇ ਹੀ ਸੁਖਦੇਵ ਸਿੰਘ ਦੀ ਮ੍ਰਿਤਕ ਦੇਹ ਦਾ ਪੋਸਟਮਾਰਟਮ ਕਰਵਾਇਆ ਜਾਵੇਗਾ। ਇਸ ਮੌਕੇ ਸੰਯੁਕਤ ਕਿਸਾਨ ਮੋਰਚੇ ਦੇ ਆਗੂ ਬਲਵਿੰਦਰ ਸਿੰਘ ਥਾਂਦੇਵਾਲਾ, ਨਿਰਮਲ ਸਿੰਘ ਸੰਗੂਧੌਣ, ਗਗਨਦੀਪ ਸਿੰਘ ਕਬਰਵਾਲਾ, ਸ਼੍ਰੋਮਣੀ ਅਕਾਲੀ ਦਲ ਪੁਨਰ ਸੁਰਜੀਤ ਦੇ ਆਗੂ ਚਰਨ ਸਿੰਘ ਕੰਧਵਾਲਾ, ਰਜਿੰਦਰ ਸਿੰਘ ਰਾਜਾ, ਐਕਸ਼ਨ ਕਮੇਟੀ ਦੇ ਮੈਂਬਰ, ਫਰੀਡਮ ਫਾਈਟਰ ਉੱਤਰਾਧਿਕਾਰੀ ਜਥੇਬੰਦੀ ਦੇ ਹੋਰ ਆਗੂ ਹਾਜ਼ਰ ਸਨ। ਦੂਜੇ ਪਾਸੇ ਭਾਰਤੀ ਕਿਸਾਨ ਯੂਨੀਅਨ ਏਕਤਾ ਸਿੱਧੂਪੁਰ ਦੇ ਬਲਾਕ ਬਰੀਵਾਲਾ ਦੇ ਪ੍ਰੈਸ ਸਕੱਤਰ ਗੁਰਪ੍ਰੀਤ ਸਿੰਘ ਸੰਧੂ ਜੰਮੂਆਣਾ ਨੇ ਕਿਸਾਨ ਸੁਖਦੇਵ ਸਿੰਘ ਦੀ ਮੌਤ 'ਤੇ ਦੁੱਖ ਪ੍ਰਗਟ ਕਰਦਿਆਂ ਕਿਹਾ ਕਿ ਉਸ ਦੀ ਲਾਸ਼ ਨੂੰ ਨਾ ਰੋਲਿਆ ਜਾਵੇ, ਬਲਕਿ ਪੋਸਟਮਾਰਟਮ ਕਰਵਾ ਕੇ ਅੰਤਿਮ ਸਸਕਾਰ ਕੀਤਾ ਜਾਵੇ। ਉਨ੍ਹਾਂ ਕਿਹਾ ਕਿ ਪੋਸਟਮਾਰਟਮ ਦੀ ਰਿਪੋਰਟ ਆਉਣ ਤੋਂ ਬਾਅਦ ਹੀ ਮੌਤ ਦੇ ਕਾਰਨਾਂ ਦਾ ਪਤਾ ਲੱਗ ਜਾਵੇਗਾ। ਉਨ੍ਹਾਂ ਧਰਨੇ ਨੂੰ ਰਾਜਨੀਤੀ ਤੋਂ ਪ੍ਰੇਰਿਤ ਦੱਸਿਆ ਤੇ ਕਿਹਾ ਕਿ ਮੌਤ ਸਬੰਧੀ ਨਿਰਪੱਖ ਜਾਂਚ ਕਰਨ ਤੋਂ ਬਾਅਦ ਹੀ ਮੌਤ ਦੇ ਕਾਰਨਾਂ ਦਾ ਸਹੀ ਪਤਾ ਲੱਗੇਗਾ।

ਸਥਾਨਕ ਡਿਪਟੀ ਕਮਿਸ਼ਨਰ ਦਫ਼ਤਰ ਅੱਗੇ ਐਕਸ਼ਨ ਕਮੇਟੀ ਵਲੋਂ ਦੂਜੇ ਦਿਨ ਦਿੱਤੇ ਗਏ ਧਰਨੇ ਨੂੰ ਸੰਬੋਧਨ ਕਰਦਾ ਹੋਇਆ ਕਨਵੀਨਰ ਨਿਰਮਲ ਸਿੰਘ। ਅਜੀਤ ਤਸਵੀਰ

ਐਕਸ਼ਨ ਕਮੇਟੀ ਵਲੋਂ ਭਲਕੇ ਡੀ.ਸੀ. ਦਫ਼ਤਰ ਅੱਗੇ ਸੜਕ 'ਤੇ ਲਾਸ਼ ਰੱਖ ਕੇ ਸੜਕ ਜਾਮ ਕਰਨ ਦਾ ਐਲਾਨ

ਆਜ਼ਾਦੀ ਘੁਲਾਟੀਏ ਮਰਹੂਮ ਸ: ਸੁੱਚਾ ਸਿੰਘ ਦੇ ਪੋਤਰੇ ਕਿਸਾਨ ਸੁਖਦੇਵ ਸਿੰਘ ਵਾਸੀ ਪਿੰਡ ਵੰਗਲ ਦੀ ਮੌਤ ਦੇ ਮਾਮਲੇ ਵਿਚ ਕਿਸੇ ਵੀ ਵਿਅਕਤੀ ਨੂੰ ਅਜੇ ਤੱਕ ਪੁਲਿਸ ਵਲੋਂ ਗ੍ਰਿਫ਼ਤਾਰ ਨਾ ਕਰਨ ਦੇ ਰੋਸ ਵਜੋਂ ਐਕਸ਼ਨ ਕਮੇਟੀ ਨੇ ਦੇਰ ਸ਼ਾਮ ਮੀਟਿੰਗ ਕਰਕੇ ਸੰਘਰਸ਼ ਨੂੰ ਤੇਜ਼ ਕਰਨ ਦਾ ਫ਼ੈਸਲਾ ਲੈਂਦਿਆਂ ਕਿਹਾ ਕਿ 30 ਅਕਤੂਬਰ ਦਿਨ ਵੀਰਵਾਰ ਨੂੰ ਡਿਪਟੀ ਕਮਿਸ਼ਨਰ ਦਫ਼ਤਰ ਸ੍ਰੀ ਮੁਕਤਸਰ ਸਾਹਿਬ ਅੱਗੇ ਸੜਕ 'ਤੇ ਮ੍ਰਿਤਕ ਕਿਸਾਨ ਸੁਖਦੇਵ ਸਿੰਘ ਦੀ ਲਾਸ਼ ਰੱਖ ਕੇ ਸੜਕ ਨੂੰ ਜਾਮ ਕੀਤੇ ਜਾਣ ਦਾ ਐਲਾਨ ਕੀਤਾ ਹੈ। ਇਹ ਜਾਣਕਾਰੀ ਐਕਸ਼ਨ ਕਮੇਟੀ ਦੇ ਕਨਵੀਨਰ ਨਿਰਮਲ ਸਿੰਘ ਮਲੋਟ ਨੇ ਦਿੱਤੀ। ਇਸ ਮੌਕੇ ਗੋਬਿੰਦ ਸਿੰਘ ਕੋਟਲੀ ਦੇਵਨ, ਸਿਮਰਜੀਤ ਸਿੰਘ ਘੁੱਦੂਵਾਲਾ, ਰੁਪਿੰਦਰ ਸਿੰਘ ਡੋਹਕ, ਪੂਰਨ ਸਿੰਘ ਵੱਟੂ, ਨਿਰਮਲ ਸਿੰਘ ਜੱਸੇਆਣਾ, ਰਵੀ ਢਿੱਲਵਾਂ ਆਦਿ ਹਾਜ਼ਰ ਸਨ।

ਪੰਜਾਬ ਐਂਡ ਸਿੰਧ ਬੈਂਕ ਦੇ ਜ਼ੋਨਲ ਦਫ਼ਤਰ ਫ਼ਰੀਦਕੋਟ ਦੇ ਅਧਿਕਾਰੀ ਤੇ ਕਰਮਚਾਰੀ ਵਿਜੀਲੈਂਸ ਜਾਗਰੂਕਤਾ ਹਫ਼ਤਾ ਤਹਿਤ ਜਾਗਰੂਕਤਾ ਰੈਲੀ ਕੱਢਦੇ ਹੋਏ। ਅਜੀਤ ਤਸਵੀਰ

ਪੰਜਾਬ ਐਂਡ ਸਿੰਧ ਬੈਂਕ ਨੇ ਵਿਜੀਲੈਂਸ ਜਾਗਰੂਕਤਾ ਹਫ਼ਤਾ ਤਹਿਤ ਰੈਲੀ ਕੱਢੀ

ਫ਼ਰੀਦਕੋਟ, 28 ਅਕਤੂਬਰ (ਜਸਵੰਤ ਸਿੰਘ ਪੁਰਬਾ)-ਰਿਸ਼ਵਤਖੋਰੀ ਨੂੰ ਜੜ੍ਹੋਂ ਖਤਮ ਕਰਨ ਅਤੇ ਲੋਕਾਂ ਵਿਚ ਜਾਗਰੂਕਤਾ ਪੈਦਾ ਕਰਨ ਲਈ ਕੇਂਦਰ ਅਤੇ ਪੰਜਾਬ ਸਰਕਾਰ ਵਲੋਂ 27 ਅਕਤੂਬਰ ਤੋਂ 2 ਨਵੰਬਰ 2025 ਤੱਕ 'ਚੌਕਸੀ ਸਾਡੀ ਸਾਂਝੀ ਜ਼ਿੰਮੇਵਾਰੀ' ਵਿਸ਼ੇ ਤਹਿਤ ਵਿਜੀਲੈਂਸ ਜਾਗਰੂਕਤਾ ਹਫ਼ਤਾ ਮਨਾਇਆ ਜਾ ਰਿਹਾ ਹੈ। ਇਸੇ ਲੜੀ ਤਹਿਤ ਪੰਜਾਬ ਐਂਡ ਸਿੰਧ ਬੈਂਕ ਦੇ ਜ਼ੋਨਲ ਦਫ਼ਤਰ ਫ਼ਰੀਦਕੋਟ ਵਲੋਂ ਜ਼ੋਨਲ ਮੈਨੇਜਰ ਸ਼ੀਤਲ ਮਹਾਜਨ ਦੀ ਅਗਵਾਈ ਹੇਠ ਜਾਗਰੂਕਤਾ ਰੈਲੀ ਕੱਢੀ ਗਈ। ਰੈਲੀ ਦੀ ਸ਼ੁਰੂਆਤ ਕਰਨ ਤੋਂ ਪਹਿਲਾਂ ਅਧਿਕਾਰੀਆਂ ਅਤੇ ਕਰਮਚਾਰੀਆਂ ਵਲੋਂ ਭ੍ਰਿਸ਼ਟਾਚਾਰ ਵਿਰੁੱਧ ਪ੍ਰਤੀਬੱਧਤਾ ਦੀ ਸਹੁੰ ਚੁਕਾਈ ਗਈ। ਇਹ ਰੈਲੀ ਜ਼ੋਨਲ ਦਫ਼ਤਰ ਤੋਂ ਸ਼ੁਰੂ ਹੋ ਕੇ ਗੁਰੂ ਗੋਬਿੰਦ ਸਿੰਘ ਮੈਡੀਕਲ ਕਾਲਜ ਅਤੇ ਹਸਪਤਾਲ ਰੋਡ ਤੋਂ ਹੁੰਦੀ ਹੋਈ ਬਲਵਿੰਦਰ ਨਗਰ ਮੋੜ ਤੱਕ ਪਹੁੰਚੀ। ਇਸ ਦੌਰਾਨ ਬੈਂਕ ਕਰਮਚਾਰੀ ਰਿਸ਼ਵਤਖੋਰੀ ਖ਼ਿਲਾਫ਼ ਤਖ਼ਤੀਆਂ ਫ਼ੜੇ ਹੋਏ ਨਾਅਰੇ ਲਗਾ ਰਹੇ ਸਨ। ਹਫ਼ਤੇ ਦੌਰਾਨ ਸੂਬੇ ਭਰ ਵਿਚ ਵਿਜੀਲੈਂਸ ਜਾਗਰੂਕਤਾ ਹਫ਼ਤੇ ਤਹਿਤ ਵੱਖ-ਵੱਖ ਸਿੱਖਿਆਤਮਕ ਤੇ ਪ੍ਰੇਰਕ ਗਤੀਵਿਧੀਆਂ ਜਿਵੇਂ ਸੈਮੀਨਾਰ, ਵਰਕਸ਼ਾਪ, ਪੇਂਟਿੰਗ ਤੇ ਲੇਖ ਮੁਕਾਬਲੇ, ਭਾਸ਼ਣ ਤੇ ਪ੍ਰਸ਼ਨੋਤਰੀ ਮੁਕਾਬਲੇ ਕੀਤੇ ਜਾ ਰਹੇ ਹਨ ਤਾਂ ਜੋ ਨੌਜਵਾਨ ਪੀੜ੍ਹੀ ਨੂੰ ਭ੍ਰਿਸ਼ਟਾਚਾਰ ਵਿਰੁੱਧ ਜਾਗਰੂਕ ਕੀਤਾ ਜਾ ਸਕੇ। ਇਸ ਮੌਕੇ ਵਿਜੀਲੈਂਸ ਬਿਊਰੋ ਫ਼ਿਰੋਜ਼ਪੁਰ ਰੇਂਜ ਦੇ ਸੀਨੀਅਰ ਕਪਤਾਨ ਪੁਲਿਸ ਮਨਜੀਤ ਸਿੰਘ ਦੀ ਅਗਵਾਈ ਹੇਠ ਰੇਂਜ ਅੰਦਰ ਕਈ ਜਾਗਰੂਕਤਾ ਪ੍ਰੋਗਰਾਮ ਕਰਵਾਏ ਜਾ ਰਹੇ ਹਨ। ਜ਼ੋਨਲ ਮੈਨੇਜਰ ਸ਼ੀਤਲ ਮਹਾਜਨ ਨੇ ਦੱਸਿਆ ਕਿ ਸੋਸ਼ਲ ਮੀਡੀਆ ਰਾਹੀਂ ਵੀ ਲੋਕਾਂ ਨੂੰ ਜਾਗਰੂਕ ਕਰਨ ਲਈ ਵਿਸ਼ੇਸ਼ ਮੁਹਿੰਮ ਚਲਾਈ ਜਾਵੇਗੀ, ਜਿਸ ਅਧੀਨ ਨਾਗਰਿਕਾਂ ਨੂੰ ਭ੍ਰਿਸ਼ਟਾਚਾਰ ਦੀਆਂ ਘਟਨਾਵਾਂ ਦੀ ਰਿਪੋਰਟ ਕਰਨ ਲਈ ਉਤਸ਼ਾਹਿਤ ਕੀਤਾ ਜਾਵੇਗਾ ਅਤੇ ਉਨ੍ਹਾਂ ਨੂੰ ਵਿਜੀਲੈਂਸ ਬਿਊਰੋ ਦੀ ਭੂਮਿਕਾ ਬਾਰੇ ਜਾਣਕਾਰੀ ਦਿੱਤੀ ਜਾਵੇਗੀ। ਰੈਲੀ ਨੂੰ ਸਫਲ ਬਣਾਉਣ ਵਿਚ ਮੁੱਖ ਪ੍ਰਬੰਧਕ ਪਿਯੂਸ਼ ਕੁਮਾਰ, ਵਿਜੈ ਕੁਮਾਰ ਜਾਟਵ, ਰਮੇਸ਼ ਖਿੱਚੀ, ਕੇਸ਼ਵ ਕੁਮਾਰ ਅਤੇ ਪੂਰਵੀ ਪੋਡਾਰ ਦਾ ਵਿਸ਼ੇਸ਼ ਯੋਗਦਾਨ ਰਿਹਾ।

'ਅਜੀਤ' ਉਪ ਦਫ਼ਤਰਾਂ ਦਾ ਪਤਾ ਤੇ ਸੰਪਰਕ ਨੰਬਰ

ਅਜੀਤ/ਅਜੀਤ ਸਮਾਚਾਰ ਹੜ੍ਹ ਰਾਹਤ ਫੰਡ ਵਿਚ ਯੋਗਦਾਨ ਪਾਉਣ ਲਈ ਅਜੀਤ ਪ੍ਰਕਾਸ਼ਨ ਸਮੂਹ ਦੇ ਹੇਠ ਲਿਖੇ ਉਪ-ਦਫ਼ਤਰਾਂ ਵਿਚ ਯੋਗਦਾਨ ਰਾਸ਼ੀ ਜਮ੍ਹਾ ਕਰਵਾ ਕੇ ਰਸੀਦ ਪ੍ਰਾਪਤ ਕੀਤੀ ਜਾਵੇ।

ਫ਼ਰੀਦਕੋਟ/ਸ੍ਰੀ ਮੁਕਤਸਰ ਸਾਹਿਬ

ਸ. ਜਸਵੰਤ ਸਿੰਘ ਪੁਰਬਾ	98145-53988
ਜੁਬਲੀ ਟਾਵਰ, ਪਹਿਲੀ ਮੰਜ਼ਿਲ	01639-254227
ਜੁਬਲੀ ਚੌਕ।	254327

ਥਰੀ ਵੀਲ੍ਹਰ ਵਿਚ ਸਮਰੱਥਾ ਤੋਂ ਵੱਧ ਬਿਠਾਏ ਗਏ ਬੱਚੇ।

ਸਕੂਲ ਵੈਨਾਂ, ਬੱਸਾਂ ਤੇ ਥ੍ਰੀ ਵੀਲ੍ਹਰ ਟ੍ਰੈਫ਼ਿਕ ਨਿਯਮਾਂ ਦੀਆਂ ਉਡਾ ਰਹੇ ਹਨ ਸ਼ਰੇਆਮ ਧੱਜੀਆਂ

ਗਿੱਦੜਬਾਹਾ, 28 ਅਕਤੂਬਰ (ਸ਼ਿਵਰਾਜ ਸਿੰਘ ਬਰਾੜ)-ਸਕੂਲ ਵੈਨਾਂ, ਬੱਸਾਂ ਅਤੇ ਥਰੀ ਵੀਲ੍ਹਰਾਂ ਵਾਲੇ ਸ਼ਰ੍ਹੇਆਮ ਟ੍ਰੈਫ਼ਿਕ ਨਿਯਮਾਂ ਦੀਆਂ ਧੱਜੀਆਂ ਉਡਾ ਰਹੇ ਹਨ। ਇੱਥੇ ਹੀ ਬੱਸ ਨਹੀਂ, ਨਾਬਾਲਗ ਬੱਚੇ ਵੀ ਮੋਟਰਸਾਈਕਲਾਂ 'ਤੇ ਤਿੰਨ-ਤਿੰਨ ਸਵਾਰ ਹੋ ਕੇ ਪ੍ਰਸ਼ਾਸਨ ਨੂੰ ਅੰਗੂਠਾ ਦਿਖਾ ਰਹੇ ਹਨ। ਜ਼ਿਕਰਯੋਗ ਹੈ ਕਿ ਪ੍ਰਸ਼ਾਸਨ ਵਲੋਂ ਸਕੂਲ ਬੱਸਾਂ ਤੇ ਵੈਨਾਂ ਦੇ ਹੋ ਰਹੇ ਸੜਕੀ ਹਾਦਸਿਆਂ ਨੂੰ ਰੋਕਣ ਲਈ ਅਨੇਕਾਂ ਹੀ ਨਿਯਮ ਤਹਿ ਕੀਤੇ ਗਏ ਹਨ। ਨਿਯਮਾਂ ਦੀ ਉਲੰਘਣਾ ਕਰਨ 'ਤੇ ਬਣਦੀ ਕਾਰਵਾਈ ਕਰਨ ਦੀਆਂ ਹਦਾਇਤਾਂ ਹਨ, ਪ੍ਰੰਤੂ ਜ਼ਮੀਨੀ ਹਕੀਕਤ ਨੂੰ ਦੇਖਦਿਆਂ ਇੰਝ ਲੱਗ ਰਿਹਾ ਹੈ ਕਿ ਬੱਸ ਰੱਬ ਹੀ ਰਾਖਾ ਹੈ। ਅਨੇਕਾਂ ਹੀ ਬੱਸਾਂ, ਵੈਨਾਂ ਅਤੇ ਥ੍ਰੀ ਵੀਲ੍ਹਰਾਂ ਵਾਲੇ ਗਿੱਦੜਬਾਹਾ ਦੇ ਕਈ ਨਾਮਵਰ ਸਕੂਲਾਂ ਦੇ ਬੱਚਿਆਂ ਦੀ ਢੋਆ-ਢੁਆਈ ਕਰਦੇ ਹਨ। ਅਸਚਰਜ ਦੀ ਗੱਲ ਇਹ ਹੈ ਕਿ ਅਨੇਕਾਂ ਹੀ ਬੱਸਾਂ, ਵੈਨਾਂ ਤੇ ਥ੍ਰੀ ਵੀਲ੍ਹਰਾਂ ਵਾਲੇ ਸਮਰੱਥਾ ਤੋਂ ਵੱਧ ਬੱਚਿਆਂ ਨੂੰ ਚੜ੍ਹਾ ਰਹੇ ਹਨ। ਇੱਥੇ ਹੀ ਬੱਸ ਨਹੀਂ, ਜਦਕਿ ਵਾਹਨਾਂ ਵਿਚ ਬਣਦੇ ਹੋਰ ਕਈ ਨਿਯਮਾਂ ਦੀ ਵੀ ਪਾਲਣਾ ਨਹੀਂ ਕੀਤੀ ਜਾ ਰਹੀ। ਵੱਧ ਸਪੀਡ ਨੂੰ ਦੇਖਦਿਆਂ ਇੰਝ ਲੱਗ ਰਿਹਾ ਹੈ ਕਿ ਇਨ੍ਹਾਂ ਨੂੰ ਪੁੱਛਣ ਵਾਲਾ ਕੋਈ ਨਹੀਂ ਹੈ। ਛੋਟੀਆਂ ਸਕੂਟਰੀਆਂ ਤੇ ਮੋਟਰਸਾਈਕਲਾਂ ਨੂੰ ਨਾਬਾਲਗ ਬੱਚੇ ਸ਼ਰ੍ਹੇਆਮ ਚਲਾਉਂਦੇ ਦੇਖੇ ਜਾ ਰਹੇ ਹਨ। ਮੋਟਰਸਾਈਕਲਾਂ 'ਤੇ ਤਾਂ ਬੱਚੇ ਤਿੰਨ-ਤਿੰਨ ਵੀ ਚੜ੍ਹੇ ਦੇਖੇ ਜਾ ਸਕਦੇ ਹਨ। ਜਿੱਥੇ ਟ੍ਰੈਫ਼ਿਕ ਪੁਲਿਸ ਵਲੋਂ ਕੋਈ ਕਾਰਵਾਈ ਕਰਨ ਤੋਂ ਪਾਸਾ ਵੱਟਿਆ ਜਾ ਰਿਹਾ ਹੈ, ਉੱਥੇ ਬੱਚਿਆਂ ਦੇ ਮਾਪਿਆਂ ਦਾ ਵੀ ਪ੍ਰਸ਼ਾਸਨ ਤੋਂ ਵੱਧ ਕਸੂਰ ਮੰਨਿਆ ਜਾ ਰਿਹਾ ਹੈ ਕਿ ਬੱਚਿਆਂ ਨੂੰ ਘਰੋਂ ਸਕੂਲ ਲਈ ਰਵਾਨਾ ਹੋਣ ਉਪਰੰਤ ਕੋਈ ਖ਼ਿਆਲ ਨਹੀਂ ਰੱਖ ਰਹੇ। ਅਨੇਕਾਂ ਹੀ ਸਕੂਲੀ ਬੱਚਿਆਂ ਦੀਆਂ ਬੱਸਾਂ ਜਾਂ ਵੈਨਾਂ ਦੇ ਹਾਦਸਿਆਂ ਦੀਆਂ ਖ਼ਬਰਾਂ ਰੋਜ਼ਾਨਾ ਹੀ ਪੜ੍ਹਨ-ਸੁਣਨ ਨੂੰ ਮਿਲਦੀਆਂ ਹਨ, ਪ੍ਰੰਤੂ ਨਾ ਤਾਂ ਮਾਪਿਆਂ ਅਤੇ ਨਾ ਹੀ ਪ੍ਰਸ਼ਾਸਨ ਵਲੋਂ ਕੋਈ ਸਖ਼ਤੀ ਵਰਤੀ ਦੇਖੀ ਜਾ ਰਹੀ ਹੈ। ਸਮਾਜ ਸੇਵੀ ਪਵਨ ਕੁਮਾਰ ਬਾਂਸਲ ਦਾ ਕਹਿਣਾ ਹੈ ਕਿ ਪ੍ਰਸ਼ਾਸਨ ਨੂੰ ਚਾਹੀਦਾ ਹੈ ਕਿ ਉਹ ਸਕੂਲੀ ਬੱਚਿਆਂ ਲਈ ਵਰਤੇ ਜਾ ਰਹੇ ਵਾਹਨਾਂ 'ਤੇ ਸਖ਼ਤੀ ਨਾਲ ਟ੍ਰੈਫ਼ਿਕ ਨਿਯਮਾਂ ਨੂੰ ਲਾਗੂ ਕਰਨ ਤਾਂ ਜੋ ਸੜਕੀ ਹਾਦਸਿਆਂ ਨੂੰ ਠੱਲ੍ਹ ਪੈ ਸਕੇ। ਉਨ੍ਹਾਂ ਮਾਪਿਆਂ ਨੂੰ ਅਪੀਲ ਕੀਤੀ ਕਿ ਉਹ ਆਪਣੇ ਬੱਚਿਆਂ ਨੂੰ ਵਾਹਨ ਚਲਾਉਣ ਲਈ ਨਾ ਦੇਣ। ਟ੍ਰੈਫ਼ਿਕ ਇੰਚਾਰਜ ਹਰਭਗਵਾਨ ਸਿੰਘ ਨੇ ਕਿਹਾ ਕਿ ਉਨ੍ਹਾਂ ਵਲੋਂ ਸਮੇਂ-ਸਮੇਂ 'ਤੇ ਸਕੂਲੀ ਵਾਹਨਾਂ ਦੀ ਪੜਤਾਲ ਕੀਤੀ ਜਾਂਦੀ ਹੈ ਅਤੇ ਸਕੂਲਾਂ ਵਿਚ ਟ੍ਰੈਫ਼ਿਕ ਸੰਬੰਧੀ ਸੈਮੀਨਾਰ ਲਗਾਏ ਜਾਂਦੇ ਹਨ, ਪ੍ਰੰਤੂ ਜੇਕਰ ਕੋਈ ਕਮੀ ਪਾਈ ਜਾਂਦੀ ਹੈ ਤਾਂ ਉਹ ਸਖ਼ਤੀ ਨਾਲ ਵਾਹਨਾਂ 'ਤੇ ਕਾਰਵਾਈ ਕਰਨਗੇ।

ਝੋਨੇ ਦੀ ਟਰਾਲੀ ਖੋਹ ਕੇ ਲਿਜਾਉਣ ਦੇ ਦੋਸ਼ ਹੇਠ ਤਿੰਨ ਖ਼ਿਲਾਫ਼ ਕੇਸ ਦਰਜ

ਮਮਦੋਟ, 28 ਅਕਤੂਬਰ (ਸੁਖਦੇਵ ਸਿੰਘ ਸੰਗਮ)-ਮਮਦੋਟ ਪੁਲਿਸ ਵਲੋਂ ਝੋਨੇ ਦੀ ਭਰੀ ਹੋਈ ਟਰਾਲੀ ਖੋਹ ਕੇ ਲਿਜਾਉਣ ਦੇ ਦੋਸ਼ ਹੇਠ ਤਿੰਨ ਵਿਅਕਤੀਆਂ ਨੂੰ ਨਾਮਜ਼ਦ ਕਰਦਿਆਂ ਹੋਰ 8 ਜਣਿਆਂ ਖ਼ਿਲਾਫ਼ ਕੇਸ ਦਰਜ ਕੀਤਾ ਗਿਆ ਹੈ। ਮੁੱਦਈ ਗੁਰਪ੍ਰੀਤ ਸਿੰਘ ਪੁੱਤਰ ਹਰਮੇਸ਼ ਸਿੰਘ ਵਾਸੀ ਪਿੰਡ ਜਾਮਾਂ ਰੱਖਈਆਂ ਉਤਾੜ ਨੇ ਪੁਲਿਸ ਨੂੰ ਕੀਤੀ ਸ਼ਿਕਾਇਤ ਵਿਚ ਦੱਸਿਆ ਹੈ ਕਿ ਉਹ 16 ਅਕਤੂਬਰ ਨੂੰ ਦੁਪਹਿਰ ਕਰੀਬ ਸਾਢੇ ਤਿੰਨ ਵਜੇ ਆਪਣੇ ਸਵਰਾਜ-744 ਟਰੈਕਟਰ ਸਮੇਤ ਟਰਾਲੀ ਨਾਲ ਪਰਮਜੀਤ ਸਿੰਘ ਪੁੱਤਰ ਮਹਿੰਦਰ ਸਿੰਘ ਪਿੰਡ ਜਾਮਾਂ ਰੱਖਈਆਂ ਉਤਾੜ ਦੇ ਖੇਤ ਵਿਚੋਂ ਉਸ ਦਾ ਝੋਨਾ ਭਰ ਕੇ ਅਨਾਜ ਮੰਡੀ ਹਜ਼ਾਰਾ ਸਿੰਘ ਵਾਲਾ ਵਿਖੇ ਲਿਜਾ ਰਿਹਾ ਸੀ। ਜਦੋਂ ਉਹ ਸਰਕਾਰੀ ਹਾਈ ਸਕੂਲ ਹਜ਼ਾਰਾ ਸਿੰਘ ਵਾਲਾ ਕੋਲ ਪੁੱਜਾ ਤਾਂ ਭਿੰਦਾ ਸਿੰਘ, ਗਗਨਦੀਪ ਸਿੰਘ ਅਤੇ ਗੁਰਦੀਪ ਸਿੰਘ ਉਰਫ਼ ਪੱਪੂ ਪੁਤਰਾਨ ਕਾਲਾ ਸਿੰਘ ਵਾਸੀ ਪਿੰਡ ਜਾਮਾਂ ਰੱਖਈਆਂ ਜਿਨ੍ਹਾਂ ਨੇ ਮੂੰਹ ਬੰਨੇ ਹੋਏ ਸਨ ਨੇ ਅਰਜਨ ਟਰੈਕਟਰ ਲਿਆ ਕੇ ਉਸ ਦੇ ਟਰੈਕਟਰ ਅੱਗੇ ਲਗਾ ਦਿੱਤਾ ਅਤੇ ਝੋਨੇ ਦੀ ਭਰੀ ਟਰਾਲੀ ਧੱਕੇ ਨਾਲ ਖੋਹ ਕੇ ਲੈ ਗਏ। ਥਾਣਾ ਮਮਦੋਟ ਵਿਖੇ ਗੁਰਪ੍ਰੀਤ ਸਿੰਘ ਦੇ ਬਿਆਨਾਂ ,'ਤੇ ਉਕਤਾਨ ਤਿੰਨ ਭਰਾਵਾਂ ਖ਼ਿਲਾਫ਼ ਧਾਰਾ 379 ਬੀ, 506 ਆਈ.ਪੀ.ਸੀ ਅਧੀਨ ਪਰਚਾ ਦਰਜ ਕਰਨ ਉਪਰੰਤ ਕਾਰਵਾਈ ਅਮਲ ਵਿਚ ਲਿਆਂਦੀ ਜਾ ਰਹੀ ਹੈ।

ਪੈਨਸ਼ਨਰਜ਼ ਯੂਨੀਅਨ ਦੀ ਸੂਬਾ ਪੱਧਰੀ ਮੀਟਿੰਗ 1 ਨੂੰ ਜਲੰਧਰ ਵਿਖੇ ਹੋਵੇਗੀ

ਕੋਟਕਪੂਰਾ, 28 ਅਕਤੂਬਰ (ਮੋਹਰ ਸਿੰਘ ਗਿੱਲ)-ਪੰਜਾਬ ਪੈਨਸ਼ਨਰਜ ਯੂਨੀਅਨ (ਸਬੰਧਿਤ ਏਟਕ ਅ